# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ:24-03-2024**

ਤਿਉਹਾਰੀ ਸੀਜ਼ਨ ਦੌਰਾਨ ਪਿਆਜ਼ ਦੀਆਂ ਕੀਮਤਾਂ ਕਾਬੂ ਵਿਚ ਰੱਖਣ ਲਈ ਕੇਂਦਰ ਸਰਕਾਰ ਨੇ ਪਿਆਜ਼ ਦੀ ਬਰਾਮਦ 'ਤੇ ਪਾਬੰਦੀ ਅਣਮਿੱਥੇ ਸਮੇਂ ਲਈ ਵਧਾ ਦਿੱਤੀ ਏ। ਦਸੰਬਰ 'ਚ ਲਗਾਈ ਗਈ ਪਿਆਜ਼ ਦੀ ਬਰਾਮਦ 'ਤੇ ਪਾਬੰਦੀ 31 ਮਾਰਚ, 2024 ਨੂੰ ਖਤਮ ਹੋਣ ਵਾਲੀ ਸੀ। ਵਿਦੇਸ਼ੀ ਵਪਾਰ ਡਾਇਰੈਕਟੋਰੇਟ ਜਨਰਲ ਡੀ ਜੀ ਐਫ ਟੀ ਨੇ ਇੱਕ ਨੋਟੀਫਿਕੇਸ਼ਨ ਵਿੱਚ ਕਿਹਾ ਏ ਕਿ ਪਿਆਜ਼ ਦੀ ਬਰਾਮਦ 'ਤੇ ਮੌਜੂਦਾ ਪਾਬੰਦੀ ਅਗਲੇ ਨੋਟਿਸ ਤੱਕ ਜਾਰੀ ਰਹੇਗੀ।

-----------------------------------------------------------

ਭਾਰਤੀ ਜਨਤਾ ਪਾਰਟੀ ਦੀ ਪੰਜਾਬ ਇਕਾਈ ਦੇ ਪ੍ਰਧਾਨ ਸੁਨੀਲ ਜਾਖੜ ਨੇ ਪੰਜਾਬ ਦੀ ਨਵੀਂ ਆਬਕਾਰੀ ਨੀਤੀ ’ਤੇ ਸਵਾਲ ਖੜ੍ਹੇ ਕਰਦਿਆਂ ਇਸ ’ਚ ਕਰੋੜਾਂ ਰੁਪਏ ਦੇ ਭ੍ਰਿਸ਼ਟਾਚਾਰ ਦਾ ਦੋਸ਼ ਲਗਾਇਆ ਏ ਤੇ ਮੁੱਖ ਚੋਣ

ਅਧਿਕਾਰੀ ਸਿਬਿਨ ਸੀ ਰਾਹੀਂ ਚੋਣ ਕਮਿਸ਼ਨ ਨੂੰ ਸ਼ਿਕਾਇਤ ਭੇਜਦਿਆਂ ਇਸ ਦੀ ਇਨਫੋਰਸਮੈਂਟ ਡਾਇਰੈਕਟੋਰੇਟ ਈ ਡੀ ਤੋਂ ਜਾਂਚ ਦੀ ਮੰਗ ਕੀਤੀ ਏ। ਉਨ੍ਹਾਂ ਖਦਸ਼ਾ ਪ੍ਰਗਟਾਇਆ ਕਿ ਜਿਵੇਂ ਦਿੱਲੀ ਦੀ ਆਬਕਾਰੀ ਨੀਤੀ 'ਚ 100 ਕਰੋੜ ਰੁਪਏ ਦਾ ਭ੍ਰਿਸ਼ਟਾਚਾਰ ਹੋਣ ਦਾ ਦੋਸ਼ ਲਗਾਇਆ ਗਿਆ ਏ, ਉਸੇ ਤਰ੍ਹਾਂ ਦੀ ਹੀ ਨੀਤੀ ਪੰਜਾਬ ਵਿੱਚ ਲਾਗੂ ਕੀਤੀ ਗਈ ਅਤੇ ਇਸ ਵਿੱਚ ਭ੍ਰਿਸ਼ਟਾਚਾਰ ਉਸ ਤੋਂ ਕਈ ਗੁਣਾ ਵੱਧ ਏ। ਚੰਡੀਗੜ ਵਿੱਚ ਮੁੱਖ ਚੋਣ ਅਧਿਕਾਰੀ ਨੂੰ ਮਿਲਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੁਨੀਲ ਜਾਖੜ ਨੇ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ 'ਤੇ ਗੰਭੀਰ ਦੋਸ਼ ਲਾਏ।

----------------------------------------------------------

ਸੰਗਰੂਰ ਜ਼ਿਲ੍ਹੇ ਦੇ ਕਈ ਪਿੰਡਾਂ ਵਿੱਚ 21 ਵਿਅਕਤੀਆਂ ਦੀ ਜਾਨ ਲੈਣ ਵਾਲੀ ਜਹਿਰੀਲੀ ਸ਼ਰਾਬ ਦਰਅਸਲ ਮਿਥੇਨੌਲ ਸੀ ਜਿਹੜਾ ਕਿ ਉਦਯੋਗਿਕ ਉਤਪਾਦਾਂ ਵਿੱਚ ਵਰਤਿਆ ਜਾਣ ਵਾਲਾ ਇੱਕ ਘਾਤਕ ਰਸਾਇਣ ਹੁੰਦਾ ਏ। ਦੋਸ਼ੀਆਂ ਨੇ ਇਹ ਰਸਾਇਣ ਨੋਇਡਾ ਦੀ ਇੱਕ ਫੈਕਟਰੀ ਤੋਂ ਉਦਯੋਗਿਕ ਕੰਮਾਂ ਲਈ ਵਰਤਣ ਦੇ ਬਹਾਨੇ ਖਰੀਦਿਆ ਸੀ

। ਇਹ ਜਾਣਕਾਰੀ ਇਸ ਮਾਮਲੇ ਦੀ ਜਾਂਚ ਲਈ ਬਣਾਈ ਵਿਸ਼ੇਸ਼ ਜਾਂਚ ਟੀਮ ਦੀ ਅਗਵਾਈ ਕਰ ਰਹੇ ਵਧੀਕ ਡੀ ਜੀ ਪੀ ਲਾਅ ਐਂਡ ਆਰਡਰ ਗੁਰਿੰਦਰ ਸਿੰਘ ਢਿੱਲੋਂ ਨੇ ਚੰਡੀਗੜ੍ਹ ਵਿਚ ਦਿੱਤੀ । ਉਨਾਂ ਦੱਸਿਆ ਕਿ ਸੰਗਰੂਰ ਪੁਲੀਸ ਨੇ ਇਸ ਮਾਮਲੇ ਵਿੱਚ ਤਿੰਨ ਵੱਖ ਵੱਖ ਥਾਣਿਆਂ-ਦਿੜ੍ਹਬਾ, ਸਿਟੀ, ਸੁਨਾਮ ਅਤੇ ਚੀਮਾਂ ਵਿਖੇ ਤਿੰਨ ਵੱਖ-ਵੱਖ ਐਫ.ਆਈ.ਆਰਜ਼ ਦਰਜ ਕਰਕੇ ਨਾਮਜ਼ਦ ਕੀਤੇ 10 ਦੋਸ਼ੀਆਂ ਵਿਚੋਂ ਅੱਠ ਸਮੇਤ ਦੋ ਮਾਸਟਰ ਮਾਈਂਡਜ਼ ਨੂੰ ਗ੍ਰਿਫ਼ਤਾਰ ਕਰ ਲਿਆ ਏ । ਦੋਵਾਂ ਮਾਸਟਰਮਾਈਂਡਜ਼ ਦਾ ਅਪਰਾਧਿਕ ਪਿਛੋਕੜ ਏ ਅਤੇ ਉਹ ਸੰਗਰੂਰ ਜੇਲ੍ਹ ਵਿਚ ਇੱਕ-ਦੂਜੇ ਦੇ ਸੰਪਰਕ ਵਿੱਚ ਆਏ ਸਨ ।

---------------------------------------------------------------------

ਲੋਕ ਸਭਾ ਚੋਣਾਂ ਵਿਚ ਅਪਰਾਧੀਆਂ, ਨਸ਼ੇ ਅਤੇ ਧਨ ਬਲ ਦੀ ਗੁਆਂਢੀ ਸੂਬਿਆਂ ਵਿਚ ਆਵਾਜਾਈ ਰੋਕਣ ਲਈ ਅੰਤਰ ਰਾਜੀ ਪੱਧਰ ਤੇ ਬਿਤਹਰ ਤਾਲਮੇਲ ਕਰਨ ਲਈ ਫਾਜ਼ਿਲਕਾ, ਸ੍ਰੀ ਗੰਗਾਨਗਰ ਅਤੇ ਹੰਨੂਮਾਨਗੜ੍ਹ ਜ਼ਿਲ੍ਹਿਆਂ ਦੀ ਇਕ ਸਾਂਝੀ ਮੀਟਿੰਗ ਕਲ ਫਾਜ਼ਿਲਕਾ ਵਿਖੇ ਹੋਈ । ਫਾਜ਼ਿਲਕਾ ਜ਼ਿਲੇ ਦੇ ਡਿਪਟੀ ਕਮਿਸ਼ਨਰ ਡਾ: ਸੇਨੂ ਦੁੱਗਲ ਨੇ ਇਸ ਦੀ

ਪ੍ਰਧਾਨਗੀ ਕੀਤੀ। ਮੀਟਿੰਗ ਵਿਚ ਸ੍ਰੀ ਗੰਗਾਨਗਰ ਦੇ ਜ਼ਿਲ੍ਹਾ ਕਲੈਕਟਰ ਲੋਕ ਬੰਦੂ ਤੇ ਐਸ ਪੀ ਗੌਰਵ ਯਾਦਵ ਤੋਂ ਇਲਾਵਾ ਫਾਜ਼ਿਲਕਾ ਅਤੇ ਹਨੁਮਾਨਗੜ੍ਹ ਜ਼ਿਲਿਆਂ ਦੇ ਸੀਨੀਅਰ ਅਧਿਕਾਰੀ ਹਾਜ਼ਰ ਰਹੇ। ਡਾ. ਸੇਨੂ ਦੁੱਗਲ ਨੇ ਕਿਹਾ ਕਿ ਗੈਰ ਸਮਾਜਿਕ ਤੱਤਾਂ ਦੇ ਅੰਤਰਰਾਜੀ ਪ੍ਰਵਾਹ ਨੂੰ ਰੋਕਣ ਲਈ ਪੰਜਾਬ ਅਤੇ ਰਾਜਸਥਾਨ ਦੀ ਸਰਹੱਦ ਤੇ ਸੀਸੀਟੀਵੀ ਕੈਮਰਿਆਂ ਦੀ ਨਿਗਰਾਨੀ ਹੇਠ ਨਾਕਾਬੰਦੀ ਕੀਤੀ ਜਾ ਰਹੀ ਏ। ਸਰਹੱਦ ਤੇ 24 ਨਾਕੇ ਲਗਾਏ ਜਾ ਰਹੇ ਨੇ। ਇਸ ਤੋਂ ਅਲਾਵਾ ਸ਼ਰਾਬ ਅਤੇ ਹੋਰ ਨਸ਼ਿਆਂ ਦਾ ਇੱਕ ਸੂਬੇ ਤੋਂ ਦੂਜੇ ਸੂਬੇ ਵਿੱਚ ਜਾਣ ਨੂੰ ਵੀ ਸਖਤੀ ਨਾਲ ਰੋਕਿਆ ਜਾਵੇਗਾ। ਮੀਟਿੰਗ ਵਿੱਚ ਬੀਕਾਨੇਰ ਦੇ ਆਈ ਜੀ ਓਮ ਪ੍ਰਕਾਸ਼ ਵੀ ਵੀਡੀਓ ਕਾਨਫਰੰਸ ਰਾਹੀਂ ਜੁੜੇ ਅਤੇ ਉਨਾਂ ਕਿਹਾ ਕਿ ਚੌਂਕੀ ਪੱਧਰ ਤੋਂ ਐਸ ਐਸ ਪੀ ਪੱਧਰ ਤੱਕ ਦੋਹਾਂ ਜ਼ਿਲਿਆਂ ਵਿੱਚ ਬਿਹਤਰ ਤਾਲਮੇਲ ਹੋਵੇਗਾ ਤਾਂ ਸ਼ਾਂਤੀਪੂਰਨ ਚੋਣਾਂ ਕਰਵਾਉਣ ਵਿੱਚ ਕੋਈ ਦਿੱਕਤ ਨਹੀਂ ਆਵੇਗੀ।

---------------------------------------------------------------

ਲੁਧਿਆਣਾ ਦੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸਾਕਸ਼ੀ

ਸਾਹਨੀ, ਐਸ.ਐਸ.ਪੀ. ਖੰਨਾ ਅਮਨੀਤ ਕੌਂਡਲ ਅਤੇ ਐਸ.ਐਸ.ਪੀ. ਲੁਧਿਆਣਾ ਦਿਹਾਤੀ ਨਵਨੀਤ ਸਿੰਘ ਬੈਂਸ ਨੇ ਕਿਹਾ ਏ ਕਿ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਦੇ ਸੰਵੇਦਨਸ਼ੀਲ 381 ਪੋਲਿੰਗ ਸਟੇਸ਼ਨਾਂ ਦੀ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਜਾਣਗੇ। ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਅੱਜ ਹੋਈ ਇਕ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਨਾਂ ਦੱਸਿਆ ਕਿ ਪ੍ਰਸ਼ਾਸਨ ਨੇ ਜ਼ਿਲ੍ਹੇ ਦੀ ਸੰਵੇਦਨਸ਼ੀਲ ਸਬੰਧੀ ਮੈਪਿੰਗ ਮੁਕੰਮਲ ਕਰ ਲਈ ਗਈ ਏ ਜਿਸ ਤਹਿਤ 2919 ਪੋਲਿੰਗ ਸਟੇਸ਼ਨਾਂ ਵਿੱਚੋਂ 381 ਸੰਵੇਦਨਸ਼ੀਲ ਬੂਥਾਂ ਦੀ ਪਛਾਣ ਕੀਤੀ ਗਈ ਏ। ਅਧਿਕਾਰੀਆਂ ਨੇ ਕਿਹਾ ਕਿ ਜ਼ਿਲ੍ਹੇ ਭਰ ਦੇ ਸੰਵੇਦਨਸ਼ੀਲ ਪੋਲਿੰਗ ਸਟੇਸ਼ਨਾਂ 'ਤੇ ਸੁਤੰਤਰ ਅਤੇ ਪਾਰਦਰਸ਼ੀ ਚੋਣਾਂ ਦੀ ਗਰੰਟੀ ਦੇਣ ਲਈ ਸੁਰੱਖਿਆ ਦੇ ਪੁਖਤਾ ਪ੍ਰਬੰਧ ਹੋਣ ਨੂੰ ਯਕੀਨੀ ਬਣਾਉਣ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇਗਾ। ਇਨ੍ਹਾਂ ਬੂਥਾਂ ਨੂੰ ਕਵਰ ਕਰਨ ਲਈ ਪੰਜਾਬ ਪੁਲਿਸ ਸਮੇਤ ਪੈਰਾ ਮਿਲਟਰੀ ਫੋਰਸ ਤਾਇਨਾਤ ਕੀਤੀ ਜਾਵੇਗੀ। ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਨੂੰ ਯਕੀਨੀ ਬਣਾਉਣ ਲਈ ਚੋਣ ਕਮਿਸ਼ਨ ਦੀਆਂ ਹਦਾਇਤਾਂ 'ਤੇ ਸਾਰੇ ਪੋਲਿੰਗ ਸਟੇਸ਼ਨਾਂ 'ਤੇ ਵੈਬਕਾਸਟਿੰਗ ਨੂੰ ਯਕੀਨੀ ਬਣਾਇਆ ਜਾਵੇਗਾ।

-----------------------------------------------------------

ਪਟਿਆਲਾ ਦੇ ਜ਼ਿਲ੍ਹਾ ਚੋਣ ਅਫ਼ਸਰ ਸ਼ੌਕਤ ਅਹਿਮਦ ਪਰੇ ਦੇ ਦਿਸ਼ਾ ਨਿਰਦੇਸ਼ਾਂ ’ਤੇ ਵੋਟਰਾਂ ਨੂੰ ਜਾਗਰੂਕ ਕਰਨ ਲਈ ਸਵੀਪ ਮੁਹਿੰਮ ਵਿੱਚ ਤੇਜ਼ੀ ਲਿਆਉਂਦਿਆਂ ਜ਼ਿਲ੍ਹਾ ਸਵੀਪ ਟੀਮ ਨੇ ਸਰਕਾਰੀ ਸਟੇਟ ਕਾਲਜ ਵਿਖੇ ਚੱਲ ਰਹੇ ਮਿਸ਼ਨ ਸਮਰੱਥ ਬਲਾਕ ਪੱਧਰ ਦੇ ਸੈਮੀਨਾਰ ਅਤੇ ਟੀਚਰ ਟ੍ਰੇਨਿੰਗ ਪ੍ਰੋਗਰਾਮ ਦੌਰਾਨ ਅਧਿਆਪਕਾਂ ਲਈ ਵੋਟਰ ਜਾਗਰੂਕਤਾ ਸਬੰਧੀ ਨੁੱਕੜ ਨਾਟਕ ਦਾ ਆਯੋਜਨ ਕੀਤਾ। ਜ਼ਿਲ੍ਹਾ ਨੋਡਲ ਅਫ਼ਸਰ ਡਾ. ਸਵਿੰਦਰ ਰੇਖੀ ਵੱਲੋਂ ਅਧਿਆਪਕਾਂ ਨੂੰ ਮਾਪਿਆ ਨਾਲ ਕੀਤੀਆਂ ਜਾਂਦੀਆਂ ਮੀਟਿੰਗਾਂ ਵਿਚ ਮਾਪਿਆਂ ਨੂੰ ਆਪਣੀ ਸਮਝ ਨਾਲ ਬਿਨਾਂ ਕਿਸੇ ਦਬਾਅ ਅਤੇ ਲਾਲਚ ਦੇ ਵੋਟ ਪਾਉਣ ਲਈ ਜਾਗਰੂਕ ਕਰਨ ਦਾ ਸੁਨੇਹਾ ਦਿੱਤਾ। ਇਸ ਤੋਂ ਇਲਾਵਾ ਜ਼ਿਲ੍ਹੇ ਦੀ ਵੋਟ ਪ੍ਰਤੀਸ਼ਤ ਵਧਾਉਣ ਲਈ ਅਤੇ ਵੋਟਾਂ ਵਿੱਚ ਲੋਕਾਂ ਦੀ 100 ਫ਼ੀਸਦੀ ਭਾਗੀਦਾਰੀ ਲਈ ਵੀ ਅਪੀਲ ਕੀਤੀ ਗਈ। ਇਸ ਮੌਕੇ ਸਟੇਟ ਕਾਲਜ ਦੇ ਚੋਣ ਸਾਖਰਤਾ ਕਲੱਬ ਦੇ ਮੈਂਬਰਾਂ ਨੂੰ ਅਗਾਮੀ ਲੋਕ ਸਭਾ ਚੋਣਾਂ ਵਿਚ ਉਨ੍ਹਾਂ ਦੀ ਭੂਮਿਕਾ ਬਾਰੇ ਦੱਸਿਆ ਗਿਆ।